

# Lawa

by Guru Ram Das

Distributed by SikhNet.com

# ਸੂਹੀ ਮਹਲਾ ੪ ॥

ਹਰਿ ਪਹਿਲੜੀ ਲਾਵ ਪਰਵਿਰਤੀ ਕਰਮ ਦ੍ਰਿੜਾਇਆ ਬਲਿ ਰਾਮ ਜੀਉ ॥ ਬਾਣੀ ਬ੍ਰਹਮਾ ਵੇਦੁ ਧਰਮੁ ਦ੍ਰਿੜਹੁ ਪਾਪ ਤਜਾਇਆ ਬਲਿ ਰਾਮ ਜੀਉ ॥ ਧਰਮੁ ਦ੍ਰਿੜਹੁ ਹਰਿ ਨਾਮੁ ਧਿਆਵਹੁ ਸਿਮ੍ਰਿਤਿ ਨਾਮੁ ਦ੍ਰਿੜਾਇਆ ॥ ਸਤਿਗੁਰੁ ਗੁਰੁ ਪੂਰਾ ਆਰਾਧਹੁ ਸਭਿ ਕਿਲਵਿਖ ਪਾਪ ਗਵਾਇਆ ॥ ਸਹਜ ਅਨੰਦੁ ਹੋਆ ਵਡਭਾਗੀ ਮਨਿ ਹਰਿ ਹਰਿ ਮੀਠਾ ਲਾਇਆ ॥ ਜਨੁ ਕਹੈ ਨਾਨਕੁ ਲਾਵ ਪਹਿਲੀ ਆਰੰਭੁ ਕਾਜੁ ਰਚਾਇਆ ॥੧॥

ਹਰਿ ਦੂਜੜੀ ਲਾਵ ਸਤਿਗੁਰੁ ਪੁਰਖੁ
ਮਿਲਾਇਆ ਬਲਿ ਰਾਮ ਜੀਉ ॥ ਨਿਰਭਉ
ਭੈ ਮਨੁ ਹੋਇ ਹਉਮੈ ਮੈਲੁ ਗਵਾਇਆ ਬਲਿ
ਰਾਮ ਜੀਉ ॥ ਨਿਰਮਲੁ ਭਉ ਪਾਇਆ
ਹਰਿ ਗੁਣ ਗਾਇਆ ਹਰਿ ਵੇਖੈ ਰਾਮੁ ਹਦੂਰੇ
॥ ਹਰਿ ਆਤਮ ਰਾਮੁ ਪਸਾਰਿਆ ਸੁਆਮੀ
ਸਰਬ ਰਹਿਆ ਭਰਪੂਰੇ ॥ ਅੰਤਰਿ ਬਾਹਰਿ
ਹਰਿ ਪ੍ਰਭੁ ਏਕੋ ਮਿਲਿ ਹਰਿ ਜਨ ਮੰਗਲ
ਗਾਏ ॥ ਜਨ ਨਾਨਕ ਦੂਜੀ ਲਾਵ ਚਲਾਈ
ਅਨਹਦ ਸਬਦ ਵਜਾਏ ॥੨॥

ਹਰਿ ਤੀਜੜੀ ਲਾਵ ਮਨਿ ਚਾਉ ਭਇਆ ਬੈਰਾਗੀਆ ਬਲਿ ਰਾਮ ਜੀਉ ॥ ਸੰਤ ਜਨਾ ਹਰਿ ਮੇਲੁ ਹਰਿ ਪਾਇਆ ਵਡਭਾਗੀਆ ਬਲਿ ਰਾਮ ਜੀਉ ॥ ਨਿਰਮਲੁ ਹਰਿ ਪਾਇਆ ਹਰਿ ਗੁਣ ਗਾਇਆ ਮੁਖਿ ਬੋਲੀ ਹਰਿ ਬਾਣੀ ॥ ਸੰਤ ਜਨਾ ਵਡਭਾਗੀ ਪਾਇਆ ਹਰਿ ਕਥੀਐ ਅਕਥ ਕਹਾਣੀ ॥ ਹਿਰਦੈ ਹਰਿ ਹਰਿ ਹਰਿ ਧੁਨਿ ਉਪਜੀ ਹਰਿ ਜਪੀਐ ਮਸਤਕਿ ਭਾਗੁ ਜੀਉ ॥ ਜਨੁ ਨਾਨਕੁ ਬੋਲੇ ਤੀਜੀ ਲਾਵੈ ਹਰਿ ਉਪਜੈ ਮਨਿ ਬੈਰਾਗੁ ਜੀਉ ॥੩॥

ਹਰਿ ਚਉਥੜੀ ਲਾਵ ਮਨਿ ਸਹਜੁ ਭਇਆ
ਹਰਿ ਪਾਇਆ ਬਲਿ ਰਾਮ ਜੀਉ ॥
ਗੁਰਮੁਖਿ ਮਿਲਿਆ ਸੁਭਾਇ ਹਰਿ ਮਨਿ
ਤਨਿ ਮੀਠਾ ਲਾਇਆ ਬਲਿ ਰਾਮ ਜੀਉ
॥ ਹਰਿ ਮੀਠਾ ਲਾਇਆ ਮੇਰੇ ਪ੍ਰਭ
ਭਾਇਆ ਅਨਦਿਨੁ ਹਰਿ ਲਿਵ ਲਾਈ ॥
ਮਨ ਚਿੰਦਿਆ ਫਲੁ ਪਾਇਆ ਸੁਆਮੀ
ਹਰਿ ਨਾਮਿ ਵਜੀ ਵਾਧਾਈ ॥ ਹਰਿ ਪ੍ਰਭਿ
ਠਾਕੁਰਿ ਕਾਜੁ ਰਚਾਇਆ ਧਨ ਹਿਰਦੈ ਨਾਮਿ
ਵਿਗਾਸੀ ॥ ਜਨੁ ਨਾਨਕੁ ਬੋਲੇ ਚਉਥੀ ਲਾਵੈ
ਹਰਿ ਪਾਇਆ ਪ੍ਰਭੁ ਅਵਿਨਾਸੀ ॥੪॥੨॥